# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 06-06-2024**

- NDA ਵਲੋਂ ਕੇਂਦਰ ਵਿਚ ਸਰਕਾਰ ਬਣਾਉਣ ਦੀ ਤਿਆਰੀ ਸੰਬੰਧੀ, ਨਵੀਂ ਦਿੱਲੀ ਵਿੱਚ ਮੀਟਿੰਗਾਂ ਦਾ ਦੌਰ ਜਾਰੀ- BJP ਪ੍ਰਧਾਨ ਜੇ. ਪੀ. ਨੱਡਾ ਨੇ, ਕੇਂਦਰੀ ਮੰਤਰੀਆਂ ਤੇ ਪਾਰਟੀ ਦੇ ਸੀਨੀਅਰ ਨੇਤਾਵਾਂ ਨਾਲ ਚਰਚਾ ਕੀਤੀ।
- ਕਾਂਗਰਸ ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ, ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ ਨੂੰ ਅਨੁਸ਼ਾਸਨ ਤੋੜਨ ਕਾਰਨ, ਪਾਰਟੀ 'ਚੋਂ ਕੱਢਿਆ।
- ਖੇਤੀ ਮਾਹਰਾਂ ਦੀ ਕਿਸਾਨਾਂ ਨੂੰ ਝੋਨੇ ਦੀ ਲਵਾਈ 11 ਜੂਨ ਤੋਂ ਪਹਿਲਾਂ ਨਾ ਕਰਨ ਦੀ ਸਲਾਹ, ਕਿਹਾ ਕਿ ਇਸਦੇ ਕਈ ਫਾਇਦੇ ਨੇ।

- ਪੰਜਾਬ ਦੇ ਕਈ ਜ਼ਿਲਿਆਂ ਵਿਚ ਬੀਤੀ ਦੇਰ ਸ਼ਾਮ ਆਏ ਹਨੇਰੀ ਝੱਖੜ ਤੇ ਮੀਂਹ ਨਾਲ, ਤਾਪਮਾਨ ਵਿਚ ਗਿਰਾਵਟ।

---------------------------------------------------

ਰਾਸ਼ਟਰੀ ਜਮਹੂਰੀ ਗਠਜੋੜ NDA, ਸਰਕਾਰ ਬਣਾਉਣ ਦੀ ਤਿਆਰੀ ਕਰ ਰਿਹਾ ਏ। BJP ਪ੍ਰਧਾਨ ਜੇ ਪੀ ਨੱਡਾ ਨੇ ਨਵੀਂ ਦਿੱਲੀ ਵਿੱਚ ਅੱਜ ਕੇਂਦਰੀ ਮੰਤਰੀਆਂ ਤੇ ਪਾਰਟੀ ਦੇ ਸੀਨੀਅਰ ਨੇਤਾਵਾਂ ਨਾਲ ਮੀਟਿੰਗ ਕੀਤੀ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਹੋਰ ਸੀਨੀਅਰ ਆਗੂ ਸ੍ਰੀ ਨੱਡਾ ਦੀ ਰਿਹਾਇਸ਼ ’ਤੇ ਮੀਟਿੰਗ ਵਿੱਚ ਮੌਜੂਦ ਰਹੇ । ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦੇ ਨਵੀਂ ਦਿੱਲੀ ਸਥਿਤ ਨਿਵਾਸ 'ਤੇ ਜਨਤਾ ਦਲ (U) ਦੇ ਕਈ ਨੇਤਾ ਵੀ ਪਹੁੰਚੇ ਨੇ । ਇਹ ਮੀਟਿੰਗਾਂ NDA ਆਗੂਆਂ ਵੱਲੋਂ ਸਰਬਸੰਮਤੀ ਨਾਲ ਨਰੇਂਦਰ ਮੋਦੀ ਨੂੰ ਆਪਣਾ ਆਗੂ ਚੁਣੇ ਜਾਣ ਤੋਂ ਇਕ ਦਿਨ ਬਾਅਦ ਹੋਈਆਂ ਨੇ । ਕੱਲ੍ਹ ਨਵੀਂ ਦਿੱਲੀ ਵਿੱਚ NDA ਸੰਸਦੀ ਦਲ ਦੀ ਮੀਟਿੰਗ ਹੋਣੀ ਏ। BJP, TDP, JDU, LJP (R), ਸ਼ਿਵ ਸੈਨਾ (ਸ਼ਿੰਦੇ), JD (ਐਸ) ਅਤੇ NDA

ਦੀਆਂ ਹੋਰ ਸੰਘਟਕ ਪਾਰਟੀਆਂ ਦੇ ਨਵੇਂ ਚੁਣੇ ਗਏ ਸੰਸਦ ਮੈਂਬਰਾਂ ਦੇ ਮੀਟਿੰਗ ਵਿੱਚ ਸ਼ਾਮਲ ਹੋਣ ਦੀ ਉਮੀਦ ਏ।

-----------------------------------------------------------

ਲਗਾਤਾਰ ਤੀਜੀ ਵਾਰ ਭਾਰਤ ਦੇ ਪ੍ਰਧਾਨ ਮੰਤਰੀ ਵਜੋਂ ਨਰੇਂਦਰ ਮੋਦੀ ਦੇ ਸਹੁੰ ਚੁੱਕ ਸਮਾਗਮ ਤੋਂ ਪਹਿਲਾਂ ਸੂਚਨਾ ਤੇ ਪ੍ਰਸਾਰਣ ਸਕੱਤਰ ਸੰਜੇ ਜਾਜੂ, ਪ੍ਰਸਾਰ ਭਾਰਤੀ ਦੇ ਮੁਖ ਕਾਰਜਕਾਰੀ ਅਧਿਕਾਰੀ ਗੌਰਵ ਦਿਵੇਦੀ, ਆਕਾਸ਼ਵਾਣੀ ਦੇ ਡਾਇਰੈਕਟਰ ਜਨਰਲ ਮੌਸੂਮੀ ਚੱਕਰਵਰਤੀ ਅਤੇ ਦੂਰਦਰਸ਼ਨ ਦੇ ਡਾਇਰੈਕਟਰ ਜਨਰਲ ਕੰਚਨ ਪ੍ਰਸਾਦ ਸਮੇਤ ਸੀਨੀਅਰ ਅਧਿਕਾਰਿਆਂ ਨੇ, ਨਵੀਂ ਦਿੱਲੀ ਵਿੱਚ ਰਾਸ਼ਟਰਪਤੀ ਭਵਨ ਵਿੱਚ ਕਵਰੇਜ ਲਈ ਸੈੱਟਅੱਪ ਦੀ ਅੱਜ ਸਮੀਖਿਆ ਕੀਤੀ । ਕੱਲ੍ਹ NDA ਦੇ ਮੈਂਬਰਾਂ ਨੇ ਪ੍ਰਧਾਨ ਮੰਤਰੀ ਅਤੇ ਗਠਜੋੜ ਦੇ ਨੇਤਾ ਵਜੋਂ ਨਰੇਂਦਰ ਮੋਦੀ ਦੇ ਨਾਂ ਦਾ ਸਰਬਸੰਮਤੀ ਨਾਲ ਸਮਰਥਨ ਕੀਤਾ ਸੀ।

-----------------------------------------------------------

ਲੋਕਸਭਾ ਚੋਣਾਂ ਦੌਰਾਨ ਨਵੇਂ ਚੁਣੇ ਗਏ ਸੰਸਦ ਮੈਂਬਰਾਂ ਨੇ ਨਵੀਂ ਦਿੱਲੀ ਪਹੁੰਚਣਾ ਸ਼ੁਰੂ ਕਰ ਦਿੱਤਾ ਏ। ਇਸ ਨੂੰ ਵੇਖਦਿਆਂ ਲੋਕ ਸਭਾ

ਸਕੱਤਰੇਤ 18ਵੀਂ ਲੋਕ ਸਭਾ ਦੇ ਮੈਂਬਰਾਂ ਦੇ ਸਵਾਗਤ ਲਈ ਤਿਆਰ ਏ । ਸਕੱਤਰੇਤ ਨੇ ਕਿਹਾ ਏ, ਕਿ ਮੈਂਬਰਾਂ ਦਾ ਸਵਾਗਤ ਕਰਨ ਤੇ ਉਹਨਾਂ ਦੀ ਨਿਰਵਿਘਨ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਲਈ ਕਈ ਉਪਾਅ ਕੀਤੇ ਗਏ ਨੇ । ਸਮੇਂ ਦੀ ਬਚਤ ਕਰਨ ਅਤੇ ਕਾਗਜ਼ ਰਹਿਤ ਡਿਜੀਟਲ ਪ੍ਰਕਿਰਿਆ ਦੀ ਵਰਤੋਂ ਕਰਨ ਦੇ ਮੱਦੇਨਜ਼ਰ, ਨਵੇਂ ਚੁਣੇ ਗਏ ਮੈਂਬਰਾਂ ਦੀ ਰਜਿਸਟ੍ਰੇਸ਼ਨ ਇੱਕ ਔਨਲਾਈਨ ਏਕੀਕ੍ਰਿਤ ਸਾਫਟਵੇਅਰ ਐਪਲੀਕੇਸ਼ਨ ਰਾਹੀਂ ਕੀਤੀ ਜਾਵੇਗੀ । ਨਵੇਂ ਚੁਣੇ ਗਏ ਮੈਂਬਰਾਂ ਨੂੰ ਮੌਕੇ 'ਤੇ ਹੀ SBI ਬੈਂਕ ਖਾਤਾ ਖੋਲ੍ਹਣ, ਸਥਾਈ ਸ਼ਨਾਖਤੀ ਕਾਰਡ ਅਤੇ ਕੇਂਦਰ ਸਰਕਾਰ ਦੇ ਸਿਹਤ ਯੋਜਨਾ ਕਾਰਡ ਜਾਰੀ ਕਰਨ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਨੇ । ਸਕੱਤਰੇਤ ਨੇ ਇਹ ਵੀ ਯਕੀਨੀ ਬਣਾਇਆ ਏ, ਕਿ ਇਹ ਪ੍ਰਕਿਰਿਆ ਸ਼ਨੀਵਾਰ ਤੇ ਐਤਵਾਰ ਸਮੇਤ, 14 ਜੂਨ ਤੱਕ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਚੱਲੇਗੀ । ਸਕੱਤਰੇਤ ਨੇ ਕਿਹਾ ਕਿ ਹਰੇਕ ਮੈਂਬਰ ਨੂੰ ਹਾਰਡ ਕਾਪੀਆਂ ਵਿੱਚ, ਭਾਰਤ ਦੇ ਸੰਵਿਧਾਨ, ਨਿਯਮਾਂ, ਦਿਸ਼ਾ-ਨਿਰਦੇਸ਼ਾਂ ਅਤੇ ਕੁਝ ਹੋਰ ਉਪਯੋਗੀ ਪ੍ਰਕਾਸ਼ਨਾਂ ਨਾਲ ਸਬੰਧਤ ਪ੍ਰਕਾਸ਼ਨਾਂ

ਦਾ ਇੱਕ ਸੈੱਟ ਪ੍ਰਦਾਨ ਕੀਤਾ ਜਾਵੇਗਾ। ਸਕੱਤਰੇਤ ਨੇ ਹਵਾਈ ਅੱਡਿਆਂ ਅਤੇ ਰੇਲਵੇ ਸਟੇਸ਼ਨਾਂ 'ਤੇ ਗਾਈਡ ਪੋਸਟਾਂ ਸਥਾਪਤ ਕੀਤੀਆਂ ਨੇ।

-----------------------------------------------------

ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵੱਡਾ ਐਕਸ਼ਨ ਲੈਂਦਿਆਂ ਬਾਘਾ ਪੁਰਾਣਾ ਦੇ ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ ਨੂੰ, ਤੁਰੰਤ ਪ੍ਰਭਾਵ ਨਾਲ ਪਾਰਟੀ 'ਚੋਂ ਬਾਹਰ ਕੱਢ ਦਿੱਤਾ ਏ। ਉਨ੍ਹਾਂ ਉੱਤੇ ਪਾਰਟੀ ਵਿਰੋਧੀ ਗਤੀਵਿਧੀਆਂ ਵਿਚ ਸ਼ਾਮਲ ਹੋਣ ਅਤੇ ਅਨੁਸ਼ਾਸਨ ਭੰਗ ਕਰਨ ਦਾ ਦੋਸ਼ ਏ।

-----------------------------------------------------

ਭਾਰਤੀ ਜਨਤਾ ਪਾਰਟੀ ਜਲੰਧਰ ਦੇ ਜਨਰਲ ਸਕੱਤਰ ਅਤੇ ਛਾਉਣੀ ਵਿਧਾਨ ਸਭਾ ਹਲਕੇ ਦੇ ਇੰਚਾਰਜ ਅਸ਼ੋਕ ਸਰੀਨ ਹਿੱਕੀ ਨੇ ਕਿਹਾ ਏ ਕਿ ਲੋਕਸਭਾ ਚੋਣਾਂ ਦੇ ਨਤੀਜਿਆਂ 'ਚ ਪਹਿਲੀ ਵਾਰ ਚੌਥੇ ਨੰਬਰ ਤੋਂ ਦੂਜੇ 'ਤੇ ਪਹੁੰਚੀ, ਭਾਰਤੀ ਜਨਤਾ ਪਾਰਟੀ ਨੇ ਵਿਰੋਧੀ ਪਾਰਟੀਆਂ ਦਾ ਗਣਿਤ ਵਿਗਾੜ ਕੇ ਸਾਰੀਆਂ ਨੂੰ ਹੈਰਾਨ ਕਰ ਦਿੱਤਾ ਏ। ਜਲੰਧਰ ਛਾਉਣੀ ਵਿਧਾਨ ਸਭਾ ਵਿਖੇ, BJP ਨੂੰ ਵੋਟਾਂ ਪਾਉਣ ਅਤੇ ਸਮਰਥਨ ਦੇਣ ਵਾਲੇ

ਸਾਰੇ ਲੋਕਾਂ ਦਾ ਧੰਨਵਾਦ ਕਰਦਿਆਂ, ਉਨ੍ਹਾਂ ਕਿਹਾ ਕਿ ਕਾਨੂੰਨ ਵਿਵਸਥਾ ਫੇਲ੍ਹ ਹੋ ਚੁੱਕੀ ਏ, ਥਾਂ-ਥਾਂ ਟੁੱਟੀਆਂ ਸੜਕਾਂ, ਗੰਦੇ ਪਾਣੀ ਦੀ ਸਪਲਾਈ ਅਤੇ ਸੀਵਰੇਜ ਦੀ ਮਾੜੀ ਵਿਵਸਥਾ ਕਾਰਨ ਲੋਕਾਂ ਨੇ ਆਮ ਆਦਮੀ ਪਾਰਟੀ ਤੋਂ ਹਟ ਕੇ BJP 'ਚ ਭਰੋਸਾ ਜਤਾਇਆ ਏ । ਉਨ੍ਹਾਂ ਲੋਕਾਂ ਨੂੰ ਭਰੋਸਾ ਦਵਾਇਆ ਕਿ BJP ਵਰਕਰ ਲੋਕਾਂ ਦੀ ਉਮੀਦ ਪੂਰਾ ਕਰਨ ਲਈ ਦਿਨ ਰਾਤ ਕੰਮ ਕਰਨਗੇ ।

---------------------------------------------------------

ਪੰਜਾਬ ਸਰਕਾਰ ਨੇ ਕੁਦਰਤ ਵੱਲੋਂ ਬਖਸ਼ੇ ਅਨਮੋਲ ਖਜਾਨੇ, ਜ਼ਮੀਨ ਹੇਠਲੇ ਪਾਣੀ ਦੇ ਪੱਧਰ ਵਿੱਚ ਆ ਰਹੀ ਗਿਰਾਵਟ ਰੋਕਣ ਲਈ, ਜ਼ਿਲਾ ਫਰੀਦਕੋਟ ਵਿੱਚ ਝੋਨੇ ਦੀ ਪਨੀਰੀ ਤਿਆਰ ਕਰਕੇ ਲਵਾਈ ਕਰਨ ਦਾ ਸਮਾਂ 11 ਜੂਨ ਨਿਰਧਾਰਿਤ ਕੀਤਾ ਏ, ਇਸ ਲਈ ਸੇਮ ਪ੍ਰਭਾਵਤ ਪਿੰਡਾਂ ਤੋਂ ਇਲਾਵਾ ਕਿਸੇ ਵੀ ਪਿੰਡ ਵਿੱਚ ਝੋਨੇ ਦੀ ਲਵਾਈ 11 ਜੂਨ ਤੋਂ ਪਹਿਲਾਂ ਕਰਨ ਤੇ ਪਾਬੰਦੀ ਲਗਾਈ ਗਈ ਏ । ਇਸ ਬਾਰੇ ਜਾਣਕਾਰੀ ਦਿੰਦਿਆਂ, ਜ਼ਿਲੇ ਦੇ ਮੁੱਖ ਖੇਤੀਬਾੜੀ ਅਫਸਰ ਡਾ.ਅਮਰੀਕ ਸਿੰਘ ਨੇ ਦੱਸਿਆ ਕਿ ਸੂਬਾ ਸਰਕਾਰ ਨੇ, ਸਾਲ 2009 ਦੌਰਾਨ ਪੰਜਾਬ ਪ੍ਰੀਜ਼ਰ-

ਵੇਸ਼ਨ ਆਫ ਸਬ-ਸਾਇਲ ਵਾਟਰ ਐਕਟ ਲਾਗੂ ਕੀਤਾ ਸੀ, ਜਿਸ ਅਨੁਸਾਰ ਝੋਨੇ ਦੀ ਲਵਾਈ 10 ਜੂਨ ਤੋਂ ਪਹਿਲਾਂ ਕਰਨ ਦੀ ਮਨਾਹੀ ਕਰ ਦਿੱਤੀ ਗਈ ਸੀ, ਜਿਸ ਵਿੱਚ ਸਾਲ 2024- 25 ਦੌਰਾਨ ਸੋਧ ਕਰਕੇ ਝੋਨੇ ਦੀ ਲਵਾਈ ਦਾ ਸਮਾਂ 11 ਜੂਨ ਰੱਖਿਆ ਗਿਆ ਏ। ਉਨਾਂ ਦੱਸਿਆ ਕਿ ਝੋਨੇ ਦੀ ਲਵਾਈ 11 ਜੂਨ ਤੋਂ ਬਾਅਦ ਕਰਨ ਨਾਲ ਝੋਨੇ ਵਿੱਚ ਗੋਭ ਦੀ ਸੁੰਡੀ ਦੀ ਰੋਕਥਾਮ ਹੋਣ ਦੇ ਨਾਲ ਨਾਲ, ਕੀਟਨਾਸ਼ਕਾਂ ਦੀ ਵਰਤੋਂ ਵਿੱਚ ਕਮੀ ਹੋਣ ਨਾਲ ਖੇਤੀ ਲਾਗਤ ਖਰਚੇ ਘੱਟ ਕਰਨ ਵਿੱਚ ਮਦਦ ਮਿਲੀ ਏ।

---------------------------------------------------------------

ਏਧਰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਡਾਇਰੈਕਟੋਰੇਟ ਪਸਾਰ ਸਿੱਖਿਆ ਵਲੋਂ ਝੋਨੇ ਦੀ ਸਿੱਧੀ ਬਿਜਾਈ ਨੂੰ ਉਤਸਾਹਿਤ ਕਰਨ ਸਬੰਧੀ ਚਲਾਈ ਜਾ ਰਹੀ ਮੁਹਿੰਮ ਤਹਿਤ, ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਵਲੋਂ ਮਾਨਸਾ ਖੁਰਦ, ਕਿਲੀ ਨਿਹਾਲ ਸਿੰਘ, ਤਿਉਣਾ ਅਤੇ ਕੋਟ ਫੱਤਾ ਵਿੱਚ ਪ੍ਰਦਰਸ਼ਨੀ ਪਲਾਂਟ ਲਗਵਾਏ ਜਾ ਰਹੇ ਨੇ। ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਲਈ ਪ੍ਰੇਰਿਤ ਕੀਤਾ ਜਾ ਰਿਹਾ ਏ । ਡਿਪਟੀ

ਡਾਇਰੈਕਟਰ ਟ੍ਰੇਨਿੰਗ ਡਾ.ਗੁਰਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਨਾਲ ਕੋਈ 25 ਫ਼ੀਸਦ ਪਾਣੀ ਦੀ ਬੱਚਤ ਹੁੰਦੀ ਏ ਅਤੇ ਇੱਕ ਤਿਹਾਈ ਲੇਬਰ ਦਾ ਖਰਚਾ ਘੱਟ ਆਉਂਦਾ ਏ। ਉਨਾਂ ਕਿਹਾ ਕਿ ਝੋਨਾ ਕੱਟਣ ਤੋਂ ਬਾਅਦ ਬੀਜੀ ਫ਼ਸਲ ਕਣਕ ਦੇ ਝਾੜ ਵਿੱਚ ਇਕ ਕੁਇੰਟਲ ਤੱਕ ਦਾ ਵਾਧਾ ਹੁੰਦਾ ਏ ਅਤੇ ਹੱਥੀ ਲਵਾਏ ਝੋਨੇ ਦੇ ਮੁਕਾਬਲੇ ਝਾੜ ਵਿੱਚ ਕੋਈ ਅੰਤਰ ਨਹੀਂ ਰਹਿੰਦਾ। ਉਨ੍ਹਾਂ ਦੱਸਿਆ ਕਿ ਪਰਮਲ ਝੋਨੇ ਦੀ ਕਿਸਮਾਂ ਦੀ ਬਿਜਾਈ ਲਈ ਜੂਨ ਦਾ ਪਹਿਲਾ ਪੰਦਰਵਾੜਾ ਅਤੇ ਬਾਸਮਤੀ ਕਿਸਮਾਂ ਲਈ ਜੂਨ ਦਾ ਦੂਜਾ ਪੰਦਰਵਾੜਾ ਢੁਕਵਾਂ ਸਮਾਂ ਏ। ਪ੍ਰੋਫੈਸਰ ਪਸਾਰ ਸਿੱਖਿਆ ਡਾ.ਗੁਰਮੀਤ ਸਿੰਘ ਢਿੱਲੋਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ, ਯੂਨੀਵਰਸਿਟੀ ਵੱਲੋਂ ਸਿਫ਼ਾਰਸ ਕਿਸਮਾਂ ਦੀ ਹੀ ਸਿੱਧੀ ਬਿਜਾਈ ਕਰਨ ਤਾਂ ਜੋ ਪਾਣੀ ਦੀ ਬੱਚਤ ਕੀਤੀ ਜਾ ਸਕੇ। ਉਨ੍ਹਾਂ ਕਿਸਾਨਾਂ ਨੂੰ ਦੱਸਿਆ ਕਿ ਘੱਟ ਸਮੇਂ ਵਿੱਚ ਪੱਕਣ ਵਾਲੀਆ ਕਿਸਮਾਂ ਦੇ ਬੀਜ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਦੀ ਦੁਕਾਨ ਤੇ ਉਪਲੱਬਧ ਨੇ।

---------------------------------------------------

ਦੇਸ਼ ਦੀ ਸਰਵਉੱਚ ਅਦਾਲਤ ਅਤੇ ਪੰਜਾਬ ਤੇ ਹਰਿਆਣਾ ਹਾਈਕੋਰਟ

ਦੀਆਂ ਮਹੱਤਵਪੂਰਨ ਜੱਜਮੈਂਟ ਦੀ ਕਾਪੀ, ਹੁਣ ਅੰਗਰੇਜ਼ੀ ਦੇ ਨਾਲ-ਨਾਲ ਹਿੰਦੀ ਜਾਂ ਹੋਰਨਾਂ ਖੇਤਰੀ ਭਾਸ਼ਾਵਾਂ ਵਿੱਚ ਵੀ ਉਪਲਬਧ ਹੋ ਸਕਦੀ ਏ। ਇਹ ਜਾਣਕਾਰੀ ਦਿੰਦਿਆਂ, ਸ਼੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਸੂਦਨ ਨੇ ਦੱਸਿਆ ਕਿ ਇਸ ਲਈ (E-SCR) ਅਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀ ਵੈਬਸਾਈਟ ਦੇ ਲਿੰਕ ’ਤੇ ਜਾ ਕੇ ਟਰਾਂਸਲੇਟਡ ਹਾਈਕੋਰਟ ਜੱਜਮੈਂਟ ’ਤੇ ਕਲਿੱਕ ਕਰਨ ’ਤੇ, ਮਹੱਤਵਪੂਰਨ ਜਜਮੈਂਟ ਵੱਖ-ਵੱਖ ਸਥਾਨਕ ਭਾਸ਼ਾਵਾਂ ਵਿੱਚ ਵੀ ਮਿਲ ਸਕਦੀਆਂ ਨੇ। ਇਸੇ ਵੇਬਸਾਇਟ ਤੇ ਸੁਪਰੀਮ ਕੋਰਟ ਦੀਆਂ ਵੀ ਮਹੱਤਵਪੂਰਨ ਜੱਜਮੈਂਟ ਹਿੰਦੀ ਸਮੇਤ, ਸਥਾਨਕ ਭਾਸ਼ਾਵਾਂ ਜਿਵੇਂ ਪੰਜਾਬੀ ਵਿੱਚ ਵੀ ਮਿਲ ਸਕਦੀਆਂ ਨੇ। ਉਨ੍ਹਾਂ ਕਿਹਾ ਕਿ ਇਹ ਸਹੂਲਤ ਆਮ ਲੋਕਾਂ, ਵਕੀਲਾਂ ਜਾਂ ਕਾਨੂੰਨ ਦੀ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਲਈ ਬਹੁਤ ਲਾਹੇਵੰਦ ਸਾਬਤ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਤੋਂ ਅੱਗੇ ਵੱਖ-ਵੱਖ ਵਿਭਾਗ ਜਿਨ੍ਹਾਂ ਨਾਲ ਇਹ ਫ਼ੈਸਲੇ ਸਬੰਧਤ ਹੋਣ, ਇਨ੍ਹਾਂ ਫ਼ੈਸਲਿਆਂ ਦੀ ਸੂਚੀ ਆਪਣੀ ਵਿਭਾਗੀ ਵੈੱਬਸਾਈਟ ’ਤੇ ਅੰਗਰੇਜ਼ੀ ਅਤੇ ਸਥਾਨਕ ਭਾਸ਼ਾ ’ਚ ਅਪਲੋਡ ਕਰਕੇ ਆਮ ਲੋਕਾਂ ਅਤੇ ਆਪਣੇ ਵਿਭਾਗੀ

ਅਫ਼ਸਰਾਂ ਨੂੰ ਇਸ ਦੀ ਪਹੁੰਚ ਦੇ ਸਕਦੇ ਨੇ ਤਾਂ ਜੋ ਉਹ ਆਪਣੇ ਨਾਲ ਸਬੰਧਤ ਇਨ੍ਹਾਂ ਫ਼ੈਸਲਿਆਂ ਦਾ ਵੱਧ ਤੋਂ ਵੱਧ ਲਾਭ ਲੈ ਸਕਣ।

---------------------------------------------------------

ਪੰਜਾਬ ਵਿੱਚ ਬੀਤੀ ਦੇਰ ਰਾਤ ਤੇਜ ਹਨੇਰੀ ਝੱਖੜ ਨਾਲ ਪਏ ਮੀਂਹ ਮਗਰੋਂ ਅੱਜ ਸੂਬੇ ਦੇ ਕਈ ਸ਼ਹਿਰਾਂ ਵਿੱਚ ਤਾਪਮਾਨ ਵਿਚ ਗਿਰਾਵਟ ਨਾਲ ਲੋਕਾਂ ਨੂੰ ਗਰਮੀ ਤੋਂ ਕੁਝ ਰਾਹਤ ਮਿਲੀ ਏ। ਮੌਸਮ ਵਿਭਾਗ ਨੇ ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ ਅਤੇ ਰੂਪਨਗਰ ਨੂੰ ਛੱਡ ਕੇ ਪੂਰੇ ਸੂਬੇ ਵਿੱਚ ਮੀਂਹ ਤੇ ਤੇਜ਼ ਹਵਾਵਾਂ ਦਾ ਆਰੇਂਜ ਅਲਰਟ ਜਾਰੀ ਕੀਤਾ ਏ ਜਦਕਿ ਉਕਤ ਚਾਰ ਜ਼ਿਲ੍ਹਿਆਂ ਵਿੱਚ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਪਿਛਲੇ ਕੁਝ ਦਿਨਾਂ ਤੋਂ ਸੂਬੇ ਦੇ ਜ਼ਿਆਦਾਤਰ ਸ਼ਹਿਰਾਂ ਦਾ ਤਾਪਮਾਨ 40 ਤੋਂ 45 ਡਿਗਰੀ ਦੇ ਆਸ-ਪਾਸ ਚੱਲ ਰਿਹਾ ਸੀ ਅਤੇ 2 ਦਿਨਾਂ ਦੇ ਇਸ ਮੌਸਮ ਤੋਂ ਬਾਅਦ ਤਾਪਮਾਨ 40 ਡਿਗਰੀ ਤੋਂ ਹੇਠਾਂ ਆ ਜਾਵੇਗਾ।

***ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਪਿਛਲੇ ਕਈ ਦਿਨਾਂ ਤੋਂ ਜਿੱਥੇ ਗਰਮੀ ਨੇ ਵੱਟ ਕਢਾਏ ਹੋਏ ਨੇ ਨਾਲ ਹੀ ਲੂ ਨੇ ਵੀ ਲੋਕਾਂ ਦਾ***

ਘਰੋਂ ਨਿਕਲਣਾ ਔਖਾ ਕੀਤਾ ਹੋਇਆ ਏ ਪਰ ਬੀਤੀ ਦੇਰ ਸ਼ਾਮ ਅਚਾਨਕ ਤੇਜ ਹਨੇਰੀ ਝੱਖੜ ਨਾਲ ਪਏ ਮੀਂਹ ਨੇ ਅੱਤ ਦੀ ਗਰਮੀ ਤੋਂ ਮਾਮੂਲੀ ਰਾਹਤ ਦਿੱਤੀ ਏ । 40 ਤੋਂ 50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਵਗੇ ਇਸ ਤੇਜ਼ ਹਨੇਰੀ ਝੱਖੜ ਨਾਲ ਕਈ ਜ਼ਿਲਿਆਂ ਵਿੱਚ ਸਾਈਨ ਬੋਰਡ ਤੇ ਰੁੱਖ ਉੱਖੜ ਗਏ ਅਤੇ ਬਿਜਲੀ ਗੁੱਲ ਹੋ ਗਈ । ਸੜਕਾਂ 'ਤੇ ਜਾ ਰਹੇ ਲੋਕਾਂ ਨੂੰ ਵੀ ਧੂੜ ਭਰੇ ਤੂਫਾਨ ਕਾਰਨ ਹਾਦਸਿਆਂ ਦਾ ਸ਼ਿਕਾਰ ਹੋਣ ਤੋਂ ਬਚਣ ਲਈ ਸੜਕ ਕਿਨਾਰੇ ਖੜ੍ਹੇ ਹੋਣਾ ਪਿਆ । ਜਲੰਧਰ ਸ਼ਹਿਰ ਦੇ ਕਈ ਇਲਾਕੇ ਘੰਟਿਆਂਬੱਧੀ ਹਨੇਰੇ ਵਿੱਚ ਡੁੱਬੇ ਰਹੇ । ਜੀਰਕਪੁਰ ਵਿਖੇ ਹਨੇਰੀ ਕਾਰਨ ਇਸਤਿਹਾਰਾਂ ਵਾਲੇ ਪੋਲ ਡਿਗਣ ਨਾਲ ਕਈ ਵਾਹਨ ਨੁਕਸਾਨੇ ਗਏ। ਗੁਰਦਾਸਪੁਰ ਵਿਚ ਤੇਜ਼ ਤੂਫ਼ਾਨ ਨਾਲ ਪਨੀਆਰ ਸ਼ੂਗਰ ਮਿਲ ਦੇ ਬਾਇਲਰਾਂ ਨੂੰ ਅਗ ਲੱਗ ਗਈ, ਜਿਸਤੇ ਫਾਇਰ ਬ੍ਰਿਗੇਡ ਦੀਆਂ ਗਡਿਆ ਨੇ ਬੜੀ ਮੁਸ਼ਕਿਲ ਨਾਲ ਕਾਬੂ ਪਾਇਆ। ਬਦਲੇ ਮੌਸਮ ਨਾਲ ਤਾਪਮਾਨ ਘਟਿਆ ਏ ।ਮੌਸਮ ਵਿਭਾਗ ਨੇ 18 ਜ਼ਿਲ੍ਹਿਆਂ ਲਈ ਆਰੇਂਜ ਤੇ ਯੈਲੋ ਅਲਰਟ ਜਾਰੀ ਕੀਤਾ ਏ । ਇਸ ਦੌਰਾਨ 40 ਕਿਲੋਮੀਟਰ ਦੀ

***<u>ਰਫ਼ਤਾਰ ਨਾਲ ਤੇਜ਼ ਹਵਾਵਾਂ ਵਗਨਗੀਆਂ ਅਤੇ ਨਾਲ ਹੀ ਮੀਂਹ ਵੀ ਪਵੇਗਾ ।ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰS</u>***

---------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਅੱਜ ਜ਼ਿਲ੍ਹਾ ਗੁਰਦਾਸਪੁਰ 'ਚ ਫੋਕਲ ਪੁਆਇੰਟ ਬਟਾਲਾ ਵਿਖੇ ਪੀ.ਐਸ.ਪੀ.ਸੀ.ਐਲ. ਦਫ਼ਤਰ ਵਿਚ ਤਾਇਨਾਤ ਲਾਈਨਮੈਨ ਸੁਖਵਿੰਦਰ ਸਿੰਘ ਨੂੰ 5 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦਿਆਂ, ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਏ । ਵਿਜੀਲੈਂਸ ਬਿਊਰੋ ਦੇ ਇਕ ਬੁਲਾਰੇ ਨੇ ਦੱਸਿਆ ਕਿ ਇਸ ਲਾਈਨਮੈਨ ਨੂੰ ਫੈਜ਼ਪੁਰਾ ਵਾਸੀ ਬਲਕਾਰ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਏ । ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਇਸ ਲਾਈਨਮੈਨ ਨੇ ਉਸਦੇ ਨਵੇਂ ਲੱਗਣ ਵਾਲੇ ਘਰੇਲੂ ਬਿਜਲੀ ਕੁਨੈਕਸ਼ਨ ਬਾਰੇ ਠੀਕ ਰਿਪੋਰਟ ਭੇਜਣ ਬਦਲੇ 5 ਹਜ਼ਾਰ ਰੁਪਏ ਦੀ ਮੰਗ ਕੀਤੀ ।ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਨੇ ਇਸ ਮੁਲਜ਼ਮ ਨੂੰ ਦੋ ਸਰਕਾਰੀ

ਗਵਾਹਾਂ ਦੀ ਮੌਜੂਦਗੀ ਵਿੱਚ 5 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕਣ ਬਾਰੇ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਏ।

-----------------------------------------------------------

ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਨੇ ਵਾਤਾਵਰਣ ਦੀ ਸਥਿਰਤਾ ਵੱਲ ਵੱਧਦਿਆਂ, ਕੱਲ 'ਵੇਕ ਅੱਪ ਲੁਧਿਆਣਾ-ਐਨ ਏਜੰਡਾ ਫਾਰ ਐਨਵਾਇਰਮੈਂਟ' ਦੀ ਸ਼ੁਰੂਆਤ ਕੀਤੀ ਏ। ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਲੁਧਿਆਣਾ ਵਿੱਚ ਹਰਿਆਲੀ ਵਧਾਉਣ ਦੇ ਨਾਲ-ਨਾਲ, ਵਾਤਾਵਰਣ ਦੀ ਸੰਭਾਲ ਲਈ ਵਿਸਥਾਰਿਤ ਯੋਜਨਾ ਉਲੀਕਣ। ਉਨ੍ਹਾਂ ਦਸਿਆ ਕਿ ਪ੍ਰਸ਼ਾਸਨ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਮਾਹਿਰਾਂ ਨਾਲ ਜ਼ਿਲੇ ਵਿੱਚ ਘੱਟ ਦਰਖਤਾਂ ਵਾਲੀਆਂ ਵੱਖ-ਵੱਖ ਥਾਵਾਂ ਦੀ ਪਛਾਣ ਕਰਨ ਅਤੇ ਪਾਏਦਾਰ ਹੱਲ ਲੱਭਣ ਲਈ ਕੰਮ ਕਰੇਗਾ। ਡਿਪਟੀ ਕਮਿਸ਼ਨਰ ਸਾਹਨੀ ਨੇ ਹੁਕਮ ਕੀਤੇ ਨੇ ਸਾਰੇ ਨਾਗਰਿਕਾਂ ਨੂੰ ਮੁਫ਼ਤ ਬੂਟੇ ਮੁਹੱਈਆ ਕਰਵਾਏ

ਜਾਣ ਤਾਂ ਜੋ ਹਰ ਕੋਈ ਇੱਕ ਬੂਟਾ ਲਗਾ ਸਕੇ। ਕੌਮੀ ਸ਼ਾਹਰਾਹ ਅਥਾਰਟੀ , ਡੀ.ਐਫ.ਓ, ਪੇਂਡੂ ਵਿਕਾਸ ਵਿਭਾਗ ਇਸ ਵਿੱਚ ਹਿੱਸਾ ਲੈਣਗੇ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਉਹ ਦਫ਼ਤਰਾਂ ਵਿੱਚ ਹਰਿਆਲੀ ਯਕੀਨੀ ਬਣਾਉਣ ਅਤੇ ਸੂਰਜੀ ਰੋਸ਼ਨੀ, ਪਾਣੀ ਦੀ ਸੰਭਾਲ ਦੇ ਉਪਰਾਲਿਆਂ ਦੇ ਨਾਲ-ਨਾਲ ਬਿਜਲੀ ਮਾਰਸ਼ਲਾਂ ਦੀ ਨਿਯੁਕਤੀ ਵੀ ਯਕੀਨੀ ਬਣਾਉਣ।

---------------------------------------------------------------

## **ਅਖੀਰ ਵਿਚ ਖਾਸ ਖਬਰਾਂ ਇਕ ਵਾਰ ਫੇਰ ਤੋਂ**

- NDA ਵਲੋਂ ਕੇਂਦਰ ਵਿਚ ਸਰਕਾਰ ਬਣਾਉਣ ਦੀ ਤਿਆਰੀ ਸੰਬੰਧੀ, ਨਵੀਂ ਦਿੱਲੀ ਵਿੱਚ ਮੀਟਿੰਗਾਂ ਦਾ ਦੌਰ ਜਾਰੀ- BJP ਪ੍ਰਧਾਨ ਜੇ. ਪੀ. ਨੱਡਾ ਨੇ, ਕੇਂਦਰੀ ਮੰਤਰੀਆਂ ਤੇ ਪਾਰਟੀ ਦੇ ਸੀਨੀਅਰ ਨੇਤਾਵਾਂ ਨਾਲ ਚਰਚਾ ਕੀਤੀ।
- ਕਾਂਗਰਸ ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ, ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ ਨੂੰ ਅਨੁਸ਼ਾਸਨ ਤੋੜਨ ਕਾਰਨ, ਪਾਰਟੀ 'ਚੋਂ ਕੱਢਿਆ।

- ਖੇਤੀ ਮਾਹਰਾਂ ਦੀ ਕਿਸਾਨਾਂ ਨੂੰ ਝੋਨੇ ਦੀ ਲਵਾਈ 11 ਜੂਨ ਤੋਂ ਪਹਿਲਾਂ ਨਾ ਕਰਨ ਦੀ ਸਲਾਹ, ਕਿਹਾ ਕਿ ਇਸਦੇ ਕਈ ਫਾਇਦੇ ਨੇ।
- ਪੰਜਾਬ ਦੇ ਕਈ ਜ਼ਿਲਿਆਂ ਵਿਚ ਬੀਤੀ ਦੇਰ ਸ਼ਾਮ ਆਏ ਹਨੇਰੀ ਝੱਖੜ ਤੇ ਮੀਂਹ ਨਾਲ, ਤਾਪਮਾਨ ਵਿਚ ਗਿਰਾਵਟ।